# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :05-05-2026**

BJP ਸੰਸਦ ਮੈਂਬਰ ਰਾਘਵ ਚੱਢਾ, ਅਸ਼ੋਕ ਮਿੱਤਲ, ਸੰਦੀਪ ਪਾਠਕ ਅਤੇ ਰਾਜਿੰਦਰ ਗੁਪਤਾ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸਰਕਾਰੀ ਤੰਤਰ ਦੀ ਕਥਿਤ ਦੁਰਵਰਤੋਂ 'ਤੇ ਚਿੰਤਾ ਪ੍ਰਗਟ ਕੀਤੀ। ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਰਾਘਵ ਚੱਢਾ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ 'ਤੇ ਇਲਜ਼ਾਮ ਲਾਇਆ ਕਿ ਉਹ ਹਾਲ ਹੀ ਵਿੱਚ ਪਾਰਟੀ ਛੱਡ ਕੇ BJP ਵਿੱਚ ਸ਼ਾਮਲ ਹੋਏ ਰਾਜ ਸਭਾ ਸੰਸਦ ਮੈਂਬਰਾਂ ਨੂੰ ਨਿਸ਼ਾਨਾ ਬਣਾਉਣ ਲਈ ਸਰਕਾਰੀ ਮਸ਼ੀਨਰੀ ਦੀ ਵਰਤੋਂ ਕਰ ਰਹੀ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਬਦਲੇ ਦੀ ਰਾਜਨੀਤੀ ਕਰ ਰਹੀਆਂ ਨੇ। ਸ੍ਰੀ ਚੱਢਾ ਨੇ ਕਿਹਾ ਕਿ ਉਨ੍ਹਾਂ ਨੇ ਰਾਸ਼ਟਰਪਤੀ ਨੂੰ ਇਨ੍ਹਾਂ ਘਟਨਾਵਾਂ ਅਤੇ ਆਪਣੀਆਂ ਚਿੰਤਾਵਾਂ ਤੋਂ ਜਾਣੂ ਕਰਵਾਇਆ

BYTE

ਇਸ ਦੌਰਾਨ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਵੀ ਪਿਛਲੇ ਮਹੀਨੇ BJP 'ਚ ਸ਼ਾਮਲ ਹੋ ਗਏ ਸੂਬੇ ਤੋਂ 6 ਰਾਜ ਸਭਾ ਮੈਂਬਰਾਂ ਬਾਰੇ ਆਮ ਆਦਮੀ ਪਾਰਟੀ ਦਾ ਪੱਖ ਰੱਖਣ ਵਾਸਤੇ ਅੱਜ ਰਾਸ਼ਟਰਪਤੀ ਨੂੰ ਮਿਲੇ |

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਨੂੰ ਉਨ੍ਹਾਂ ਦੀ ਜੈਯੰਤੀ ਮੌਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਨੇ।

---

ਜਲੰਧਰ ਦੇ  ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਅੱਜ ਐਸ.ਡੀ.ਐਮਜ਼ ਅਤੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਪਹਿਲ ਦੇ ਆਧਾਰ ’ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ ਨੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ, ਡਿਪਟੀ ਕਮਿਸ਼ਨਰ ਨੇ ਸ਼ਿਕਾਇਤਾਂ ਦੀ ਸਮੀਖਿਆ ਕਰਦਿਆਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ, ਆਨਲਾਈਨ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਤੈਅ ਸਮੇਂ ਦੇ ਅੰਦਰ ਨਿਪਟਾਰਾ

ਯਕੀਨੀ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਸਰਕਾਰ ਦੇ ਪੋਰਟਲ 'ਤੇ ਸ਼ਿਕਾਇਤਾਂ ਦਰਜ ਕੀਤੀਆਂ ਜਾਂਦੀਆਂ ਨੇ ਅਤੇ ਉਨ੍ਹਾਂ ਦੇ ਯੋਗ ਹੱਲ ਲਈ ਲਗਾਤਾਰ ਹਰ ਹਫ਼ਤੇ ਮੀਟਿੰਗਾਂ ਵੀ ਕੀਤੀਆਂ ਜਾ ਰਹੀਆਂ ਨੇ ਤਾਂ ਜੋ ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਸਮਾਂਬੱਧ ਢੰਗ ਨਾਲ ਹੱਲ ਕੀਤੀਆਂ ਜਾ ਸਕਣ।

--------------------------------------------------------------

ਪਟਿਆਲਾ ਦਿਹਾਤੀ ਅਧੀਨ ਪੈਂਦੇ ਪਿੰਡ ਲੰਗ ਦੀ ਗ੍ਰਾਮ ਪੰਚਾਇਤ ਨੂੰ ਅਹੁਦੇ ਤੋਂ ਤੁਰੰਤ ਪ੍ਰਭਾਵ ਹੇਠ ਮੁਅੱਤਲ ਕਰ ਦਿੱਤਾ ਗਿਆ ਏ। ਇਹ ਕਾਰਵਾਈ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਪਟਿਆਲਾ ਦੇ ਹੁਕਮਾਂ ਤਹਿਤ ਕੀਤੀ ਗਈ ਏ, ਜਿਸ ਤਹਿਤ  ਸਰਪੰਚ ਅਤੇ ਪੰਚਾਇਤ ਮੈਂਬਰਾਂ ਨੂੰ ਅਹੁਦੇ ਤੋਂ ਤੁਰੰਤ ਪ੍ਰਭਾਵ ਹੇਠ ਮੁਅੱਤਲ ਕਰ ਦਿੱਤਾ ਗਿਆ ਏ। ਇਹ ਕਾਰਵਾਈ ਪਿੰਡ ਦੇ ਵਸਨੀਕ ਮੇਵਾ ਸਿੰਘ ਵੱਲੋਂ ਪੰਚਾਇਤ ਖਿਲਾਫ ਕੀਤੀ ਗਈ ਸ਼ਿਕਾਇਤ ਕਾਰਨ ਕੀਤੀ ਗਈ ਏ। ਸ਼ਿਕਾਇਤਕਰਤਾ ਨੇ ਪਿੰਡ ਦੀ ਪੰਚਾਇਤ ਉਤੇ ਗ੍ਰਾਮ ਸਭਾ ਦਾ ਮਤਾ ਪਾਏ ਬਗੈਰ ਮਿੱਟੀ ਦੀਆਂ 2 ਹਜ਼ਾਰ ਟਰਾਲੀਆਂ ਵੇਚਣ ਤੇ ਨਾਲ ਹੀ ਫੰਡਾਂ ਦੀ ਦੁਰਵਰਤੋਂ ਕਰਨ ਦੇ ਵੀ ਇਲਜ਼ਾਮ ਲਗਾਏ ਗਏ ਨੇ। ਵਿਭਾਗ ਵੱਲੋਂ ਜਾਂਚ ਸ਼ੁਰੂ ਕਰ ਦਿੱਤੀ ਗਈ ਏ। ਡੀ. ਡੀ. ਪੀ. ਓ. ਮੋਹਿੰਦਰਜੀਤ ਸਿੰਘ ਨੇ ਪਿੰਡ ਦੀ ਗ੍ਰਾਮ ਪੰਚਾਇਤ

ਨੂੰ ਮੁਅੱਤਲ ਕਰਦਿਆਂ ਇਹ ਹਦਾਇਤ ਵੀ ਜਾਰੀ ਕੀਤੀ ਕਿ ਇਸ ਮੁਅੱਤਲੀ ਅਧੀਨ ਸਰਪੰਚ ਅਤੇ ਪੰਚਾਇਤ ਮੈਂਬਰ ਗ੍ਰਾਮ ਪੰਚਾਇਤ ਲੰਗ ਦੀ ਕਿਸੇ ਵੀ ਤਰ੍ਹਾਂ ਦੀ ਕਾਰਵਾਈ ਜਾਂ ਮੀਟਿੰਗ ’ਚ ਬਤੌਰ ਸਰਪੰਚ ਅਤੇ ਪੰਚਾਇਤ ਮੈਂਬਰ ਹਿੱਸਾ ਨਹੀਂ ਲੈ ਸਕਦੇ।

---------------------------------------------------

ਦੇਸ਼ 'ਚ ਕਾਢਾਂ ਅਤੇ ਉਧਮਤਾ ਨੂੰ ਉਤਸ਼ਾਹਿਤ ਕਰਨ ਅਤੇ ਆਤਮ ਨਿਰਭਰ ਬਣਾਉਣ ਲਈ, ਅਟਲ ਇੰਡੀਆ ਮਿਸ਼ਨ ਦੇ 10 ਸਾਲ ਮੁਕੰਮਲ ਹੋਣ ਮਗਰੋਂ ਮੁਹਾਲੀ ਦੇ ਪਿੰਡ ਲਾਂਡਰਾਂ ਸਥਿਤ CGC ਅਧਾਰੇ ਵਿੱਚ ਪੰਜਾਬ, ਹਰਿਆਣਾ, ਜੰਮੂ- ਕਸ਼ਮੀਰ, ਹਿਮਾਚਲ ਪ੍ਰਦੇਸ਼ ਤੇ ਦਿੱਲੀ ਦਾ ਪਹਿਲਾ ਸਾਂਝਾ AIM ਸੰਵਾਦ ਕਰਾਇਆ ਗਿਆ। ਇਸ ਦੌਰਾਨ ਸਲਾਈਡ ਸ਼ੋ ਰਾਹੀਂ ਇਹਨਾਂ ਰਾਜਾਂ 'ਚ ਅਟਲ ਇੰਡੀਆ ਮਿਸ਼ਨ ਤਹਿਤ ਕੀਤੇ ਕੰਮਾਂ ਸਦਕਾ ਹੋਈ ਤਰੱਕੀ ਅਤੇ ਖੁਸ਼ਹਾਲੀ ਬਾਰੇ ਡਾਟਾ ਅਤੇ ਹੋਰ ਜਾਣਕਾਰੀ ਸਾਂਝੀ ਕੀਤੀ ਗਈ। AIM ਸੰਵਾਦ 'ਚ ਦਿੱਲੀ ਤੋਂ ਆਏ ਨੀਤੀ ਆਯੋਗ ਦੇ ਪ੍ਰੋਗਰਾਮ ਡਇਰੈਕਟਰ ਪ੍ਰਤੀਕ ਦੇਸ਼ਮੁਖ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ. ਉਨ੍ਹਾਂ ਨੇ ਇਹਨਾਂ ਰਾਜਾਂ ਦੇ ਅਟਲ ਕਮਿਊਨਟੀ ਇਨੋਵੇਸ਼ਨ ਸੈਂਟਰਾਂ ਦੇ ਨੁਮਾਇੰਦੇ, ਬੁੱਧੀਜੀਵੀ ਇੰਕੁਬੇਟਰ  ਕੇਂਦਰਾਂ ਦੇ ਇੰਚਾਰਜਾਂ ਨੂੰ ਦੇਸ਼ ਨੂੰ ਵਿਕਸਿਤ ਭਾਰਤ ਬਣਾਉਣ ਲਈ ਅੱਗੇ ਆਉਣ ਲਈ ਪ੍ਰੇਰਿਆ।

------------------------------------------------------------

ਸ੍ਰੀ ਮੁਕਤਸਰ ਸਾਹਿਬ ਵਿਖੇ ਕੱਲ 40 ਮੁਕਤਿਆਂ ਦੀ ਯਾਦ ਵਿੱਚ ਇਤਿਹਾਸਕ ਗੁਰਦੁਆਰਾ ਟੁੱਟੀ ਗੰਡੀ ਸਾਹਿਬ ਅਤੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵਿਸ਼ਾਲ ਸ਼ਹੀਦੀ ਸਮਾਗਮ ਮਨਾਇਆ ਗਿਆ। ਇਸ ਪਵਿੱਤਰ ਧਰਤੀ ’ਤੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਮੁਗਲਾਂ ਨਾਲ ਆਖਰੀ ਅਤੇ ਫੈਸਲਾਕੁਨ ਜੰਗ ਲੜੀ ਗਈ ਸੀ। ਇਨ੍ਹਾਂ ਸ਼ਹੀਦਾਂ ਦੀ ਯਾਦ ਵਿੱਚ ਹਰ ਸਾਲ 40 ਅਖੰਡ ਪਾਠ ਆਰੰਭ ਕੀਤੇ ਜਾਂਦੇ ਨੇ, ਜਿਸ ਦੀ ਸਮਾਪਤੀ ਸ਼ਹੀਦੀ ਸਮਾਗਮ ਨਾਲ ਹੁੰਦੀ ਏ। ਸਮਾਗਮ ਦੌਰਾਨ ਪ੍ਰਸਿੱਧ ਰਾਗੀ ਜਥਿਆਂ, ਢਾਡੀ ਵਾਰਾਂ ਅਤੇ ਕਥਾਵਾਚਕਾਂ ਵੱਲੋਂ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਿਆ ਗਿਆ। ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਮੂਲੀਅਤ ਕਰਕੇ ਸ਼ਹੀਦਾਂ ਨੂੰ ਨਮਨ ਕੀਤਾ।

------------------------------------------------------------

ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਨੇ ਕੱਲ “PU Skill-2-Market Hub” ਦਾ ਉਦਘਾਟਨ ਕੀਤਾ ਅਤੇ ਹੁਨਰ-ਅਧਾਰਤ ਸਿੱਖਿਆ ਤੇ ਵਿਦਿਆਰਥੀ ਉੱਦਮਤਾ ਨੂੰ ਉਤਸ਼ਾਹਿਤ ਕਰਦਿਆਂ, ਅਕਾਦਮਿਕ ਤੇ ਸਨਅਤ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਇਹ ਪਹਿਲਕਦਮੀ ਕਾਲਜ ਵਿਕਾਸ ਕੌਂਸਲ ਡੀਨ ਦੇ ਦਫ਼ਤਰ ਵਲੋਂ PU ਵਿਦਿਆਰਥੀ ਕੇਂਦਰ ਵਿਖੇ ਕੀਤੀ

ਗਈ। ਪੰਜਾਬ ਭਰ ਦੇ ਮਾਨਤਾ ਪ੍ਰਾਪਤ ਕਾਲਜਾਂ ਦੇ ਵਿਦਿਆਰਥੀਆਂ ਨੇ 29 ਸਟਾਲ ਲਗਾਏ । ਇਕੱਠ ਨੂੰ ਸੰਬੋਧਨ ਕਰਦਿਆਂ, ਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਨੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਨੂੰ ਆਤਮ -ਨਿਰਭਰਤਾ ਵੱਲ ਵਧਣ ਵਿੱਚ ਮਦਦ ਕਰਦੀਆਂ ਨੇ। ਉਨ੍ਹਾਂ ਸੁਝਾਅ ਦਿੱਤਾ ਕਿ ਵਿਦਿਆਰਥੀਆਂ ਵਲੋਂ ਤਿਆਰ ਕੀਤੇ ਉਤਪਾਦਾਂ ਨੂੰ ਯੂਨੀਵਰਸਿਟੀ ਦੇ ਸਮਾਰੋਹਾਂ ਦੌਰਾਨ ਯਾਦਗਾਰੀ ਚਿੰਨ੍ਹ ਵਜੋਂ ਉਤਸ਼ਾਹਿਤ ਕੀਤਾ ਜਾ ਸਕਦਾ ਏ।

---------------------------------------------------------------